੦੫੪

ਗੁਰਮਤਿ

(ਸੰਪਾਦਕ: ਅਨੰਤ ਪ੍ਰਵਾਹ ਟ੍ਰੱਸਟ ਯੂ.ਕੇ.)

ਗੁਰੂ ਦਾ ਸਿੱਧ ਕੀਤਾ ਹੋਇਆ ਸਿਧਾਂਤ ਗੁਰਮਤਿ ਹੈ। ਗੁਰੂ ਦੀ ਇੱਛਾ, ਨਸੀਹਤ, ਉਪਦੇਸ਼ ਹੀ ਗੁਰਮਤਿ ਹੈ। ਗੁਰਮਤਿ ਅਨੁਸਾਰ ਚਲਣ ਦੀ ਤਾਕੀਦ ਵਾਲੇ ਵਡਮੁੱਲੇ ਉਪਦੇਸ਼ ਨੂੰ ਗੁਰਮਤਿ ਕਿਹਾ ਜਾਂਦਾ ਹੈ। ਸਤਿਗੁਰਾਂ ਨੇ ਪੂਰਨ ਗੁਰੂ ਅਤੇ ਗੁਰਮਤਿ ਦੀ ਮਹੱਤਤਾ ਸਮਝਾਉਣ ਲਈ ਅੱਡ-ਅੱਡ ਗੁਰਮਤਿ ਵਿਸ਼ਿਆਂ ਨੂੰ ਸਪੱਸ਼ਟ ਕਰਨ ਲਈ ਗੁਰਬਾਣੀ ਦੀ ਰਚਨਾ ਕੀਤੀ ਹੈ। ਸਤਿਗੁਰੂ ਗੁਰੂ ਨਾਨਕ ਦੇਵ ਜੀ ਨੇ ਆਪਣੀ ਪਹਿਲੀ ਬਾਣੀ ਜਪੁਜੀ ਸਾਹਿਬ ਵਿਚ ਫੁਰਮਾਇਆ ਹੈ:

– ਮਤਿ ਵਿਚਿ ਰਤਨ ਜਵਾਹਰ ਮਾਣਿਕ ਜੇ ਇਕ ਗੁਰ ਕੀ ਸਿਖ ਸੁਣੀ॥ (੨)

ਰਤਨਾਂ, ਜਵਾਹਰਾਂ, ਮਾਣਕਾਂ ਨਾਲੋਂ ਵੀ ਕਈ ਗੁਣਾਂ ਵੱਧ ਕੀਮਤੀ ਗੁਰ ਉਪਦੇਸ਼ ਦੀ ਵਿਚਾਰ ਨਾਲ ਜੁੜ ਕੇ ਗੁਰੂ ਸਿੱਖਿਆ ਨੂੰ ਦ੍ਰਿੜ੍ਹ ਕਰਕੇ ਜੀਵਨ ਜੁਗਤ ਸੁਆਰਨ ਵਾਲੇ ਗੁਰੂ ਉਪਦੇਸ਼ ਸਿੱਖੀਏ। ਗੁਰੂ ਸ਼ਬਦ ਹੈ:

– ਸਚੁ ਕਹਹੁ ਸਚੈ ਘਰਿ ਰਹਣਾ॥ ਜੀਵਤ ਮਰਹੁ ਭਵਜਲੁ ਜਗੁ ਤਰਣਾ॥
ਗੁਰੁ ਬੋਹਿਥੁ ਗੁਰੁ ਬੇੜੀ ਤੁਲਹਾ ਮਨ ਹਰਿ ਜਪਿ ਪਾਰਿ ਲੰਘਾਇਆ॥
ਹਉਮੈ ਮਮਤਾ ਲੋਭ ਬਿਨਾਸਨੁ॥ ਨਉ ਦਰ ਮੁਕਤੇ ਦਸਵੈ ਆਸਨੁ॥
ਊਪਰਿ ਪਰੈ ਪਰੈ ਅਪਰੰਪਰੁ ਜਿਨਿ ਆਪੇ ਆਪੁ ਉਪਾਇਆ॥
ਗੁਰਮਤਿ ਲੇਵਹੁ ਹਰਿ ਲਿਵ ਤਰੀਐ॥ ਅਕਲੁ ਗਾਇ ਜਮ ਤੇ ਕਿਆ ਡਰੀਐ॥
ਜਤ ਜਤ ਦੇਖਉ ਤਤ ਤਤ ਤੁਮ ਹੀ ਅਵਰੁ ਨ ਦੁਤੀਆ ਗਾਇਆ॥
ਸਚੁ ਹਰਿ ਨਾਮੁ ਸਚੁ ਹੈ ਸਰਣਾ॥ ਸਚੁ ਗੁਰ ਸਬਦੁ ਜਿਤੈ ਲਗਿ ਤਰਣਾ॥
ਅਕਥੁ ਕਥੈ ਦੇਖੈ ਅਪਰੰਪਰੁ ਫੁਨਿ ਗਰਭਿ ਨ ਜੋਨੀ ਜਾਇਆ॥
ਸਚ ਬਿਨੁ ਸਤੁ ਸੰਤੋਖੁ ਨ ਪਾਵੈ॥ ਬਿਨੁ ਗੁਰ ਮੁਕਤਿ ਨ ਆਵੈ ਜਾਵੈ॥
ਮੂਲ ਮੰਤ੍ਰੁ ਹਰਿ ਨਾਮੁ ਰਸਾਇਣੁ ਕਹੁ ਨਾਨਕ ਪੂਰਾ ਪਾਇਆ॥
ਸਚ ਬਿਨੁ ਭਵਜਲੁ ਜਾਇ ਨ ਤਰਿਆ॥ ਏਹੁ ਸਮੁੰਦੁ ਅਥਾਹੁ ਮਹਾ ਬਿਖੁ ਭਰਿਆ॥
ਰਹੈ ਅਤੀਤੁ ਗੁਰਮਤਿ ਲੇ ਊਪਰਿ ਹਰਿ ਨਿਰਭਉ ਕੈ ਘਰਿ ਪਾਇਆ॥
ਝੂਠੀ ਜਗ ਹਿਤ ਕੀ ਚਤੁਰਾਈ॥ ਬਿਲਮ ਨ ਲਾਗੈ ਆਵੈ ਜਾਈ॥
ਨਾਮੁ ਵਿਸਾਰਿ ਚਲਹਿ ਅਭਿਮਾਨੀ ਉਪਜੈ ਬਿਨਸਿ ਖਪਾਇਆ॥
ਉਪਜਹਿ ਬਿਨਸਹਿ ਬੰਧਨ ਬੰਧੇ॥ ਹਉਮੈ ਮਾਇਆ ਕੇ ਗਲ ਫੰਧੇ॥
ਜਿਸੁ ਰਾਮ ਨਾਮੁ ਨਾਹੀ ਮਤਿ ਗੁਰਮਤਿ ਸੋ ਜਮ ਪੁਰਿ ਬੰਧਿ ਚਲਾਇਆ॥
ਗੁਰ ਬਿਨੁ ਮੋਖ ਮੁਕਤਿ ਕਿਉ ਪਾਈਐ॥ ਬਿਨੁ ਗੁਰ ਰਾਮ ਨਾਮੁ ਕਿਉ ਧਿਆਈਐ॥
ਗੁਰਮਤਿ ਲੇਹੁ ਤਰਹੁ ਭਵ ਦੁਤਰੁ ਮੁਕਤਿ ਭਏ ਸੁਖੁ ਪਾਇਆ॥
ਗੁਰਮਤਿ ਕ੍ਰਿਸਨਿ ਗੋਵਰਧਨ ਧਾਰੇ॥ ਗੁਰਮਤਿ ਸਾਇਰਿ ਪਾਹਣ ਤਾਰੇ॥
ਗੁਰਮਤਿ ਲੇਹੁ ਪਰਮ ਪਦੁ ਪਾਈਐ ਨਾਨਕ ਗੁਰਿ ਭਰਮੁ ਚੁਕਾਇਆ॥
ਗੁਰਮਤਿ ਲੇਹੁ ਤਰਹੁ ਸਚੁ ਤਾਰੀ॥ ਆਤਮ ਚੀਨਹੁ ਰਿਦੈ ਮੁਰਾਰੀ॥
ਜਮ ਕੇ ਫਾਹੇ ਕਾਟਹਿ ਹਰਿ ਜਪਿ ਅਕੁਲ ਨਿਰੰਜਨੁ ਪਾਇਆ॥
ਗੁਰਮਤਿ ਪੰਚ ਸਖੇ ਗੁਰ ਭਾਈ॥ ਗੁਰਮਤਿ ਅਗਨਿ ਨਿਵਾਰਿ ਸਮਾਈ॥
ਮਨਿ ਮੁਖਿ ਨਾਮੁ ਜਪਹੁ ਜਗਜੀਵਨ ਰਿਦ ਅੰਤਰਿ ਅਲਖੁ ਲਖਾਇਆ॥
ਗੁਰਮੁਖਿ ਬੂਝੈ ਸਬਦਿ ਪਤੀਜੈ॥ ਉਸਤਤਿ ਨਿੰਦਾ ਕਿਸ ਕੀ ਕੀਜੈ॥
ਚੀਨਹੁ ਆਪੁ ਜਪਹੁ ਜਗਦੀਸਰੁ ਹਰਿ ਜਗੰਨਾਥੁ ਮਨਿ ਭਾਇਆ॥

ਜੋ ਬ੍ਰਹਮੰਡਿ ਖੰਡਿ ਸੋ ਜਾਣਹੁ॥ ਗੁਰਮੁਖਿ ਬੂਝਹੁ ਸਬਦਿ ਪਛਾਣਹੁ॥
ਘਟਿ ਘਟਿ ਭੋਗੇ ਭੋਗਣਹਾਰਾ ਰਹੈ ਅਤੀਤੁ ਸਬਾਇਆ॥
ਗੁਰਮਤਿ ਬੋਲਹੁ ਹਰਿ ਜਸੁ ਸੂਚਾ॥ ਗੁਰਮਤਿ ਆਖੀ ਦੇਖਹੁ ਊਚਾ॥
ਸ੍ਰਵਣੀ ਨਾਮੁ ਸੁਣੈ ਹਰਿ ਬਾਣੀ ਨਾਨਕ ਹਰਿ ਰੰਗਿ ਰੰਗਾਇਆ॥ (੧੦੪੦)

- ਹਰਿ ਹਰਿ ਹਰਿ ਹਰਿ ਹਰਿ ਸਰੁ ਸੇਵਹਿ ਤਿਨ ਦਰਗਹ ਮਾਨੁ ਦਿਵਾਵੈਗੋ॥
ਗੁਰਮਤਿ ਗੁਰਮਤਿ ਗੁਰਮਤਿ ਧਿਆਵਹਿ ਹਰਿ ਗਲਿ ਮਿਲਿ ਮੇਲਿ ਮਿਲਾਵੈਗੋ॥ (੧੩੧੧)

ਕੇਵਲ ਗੁਰੂ ਦੀ ਸਿੱਖਿਆ ਅਨੁਸਾਰ ਜੀਵਨ ਜੁਗਤ ਢਾਲ ਲੈਣ ਨਾਲ ਹੀ ਪ੍ਰਭੂ ਦੀ ਪਛਾਣ ਆਉਂਦੀ ਹੈ ਅਤੇ ਵਿਕਾਰਾਂ ਤੋਂ ਖਲਾਸੀ ਮਿਲਦੀ ਹੈ। ਏਹੀ ਕਾਰਨ ਹੈ ਕਿ ਗੁਰਬਾਣੀ ਅੰਦਰ ਕਈ ਢੰਗਾਂ ਨਾਲ ਸਾਨੂੰ ਬਾਰ-ਬਾਰ ਤਾਕੀਦ ਕੀਤੀ ਗਈ ਹੈ ਕਿ ਗੁਰੂ ਦੀ ਮਤਿ ਅਨੁਸਾਰ ਚਲ ਕੇ ਪ੍ਰਭੂ ਨਾਮ ਦੀ ਯਾਦ ਨੂੰ ਹਿਰਦੇ ਵਿਚ ਵਸਾਈਏ ਅਤੇ ਆਪਣਾ ਜੀਵਨ ਸਫ਼ਲਾ ਕਰੀਏ। ਸਤਿਗੁਰਾਂ ਦੀ ਸਿੱਖਿਆ ਕਿਸੇ ਇੱਕ ਤੁਕ ਜਾਂ ਇੱਕ ਸ਼ਬਦ ਤੇ ਹੀ ਖ਼ਤਮ ਨਹੀਂ ਹੋ ਜਾਂਦੀ। ਗੁਰੂ ਗ੍ਰੰਥ ਸਾਹਿਬ ਦਾ ਸਮੁੱਚਾ ਸਰੂਪ ਸਤਿਗੁਰਾਂ ਦੀ ਸੰਪੂਰਨ ਸਿੱਖਿਆ ਭਾਵ ਗੁਰਮਤਿ ਹੈ।

ਗੁਰਮਤਿ ਇੱਕ ਵਿਸ਼ਾਲ ਸਾਗਰ ਹੈ ਜਿਸ ਦੀ ਪ੍ਰਾਪਤੀ ਲਈ ਮਨੁੱਖ ਨੂੰ ਆਖਰੀ ਸੁਆਸਾਂ ਤੱਕ ਵਿਦਿਆਰਥੀ (ਸਿੱਖ) ਰਹਿਣਾ ਚਾਹੀਦਾ ਹੈ। ਪ੍ਰਭੂ ਨਾਮ ਦੀ ਯਾਦ ਇੱਕ ਨਿਮਖ ਲਈ ਨਾ ਵਿਸਾਰਨੀ ਗੁਰਮਤਿ ਗ੍ਰਹਿਣ ਕਰਨ ਦਾ ਧੁਰਾ ਹੈ। ਅੰਦਰ ਲੱਗੇ ਪ੍ਰਭੂ ਦਰਬਾਰ ਦਾ ਨਿਰਮਲ ਭੈਅ, ਮਨੁੱਖ ਨੂੰ ਵਿਕਾਰਾਂ ਦੇ ਹੱਲਿਆਂ ਤੋਂ ਬਚਾਉਂਦਾ ਹੈ। ਮਨੁੱਖ ਨੂੰ ਮਨੁੱਖਤਾ ਦੇ ਸਰਬ ਉੱਚ ਗੁਣਾਂ ਦਾ ਧਾਰਨੀ ਬਣਾਉਣਾ ਗੁਰਮਤਿ ਦਾ ਨਿਸ਼ਾਨਾ ਹੈ। ਪਰ ਜੇ ਮਨੁੱਖ ਗੁਰਮਤਿ ਦਾ ਧਾਰਨੀ ਬਣਨਾ ਛੱਡ ਕੇ ਮਨਮੁੱਖਤਾ ਦਾ ਰੋਗ ਸਹੇੜ ਬੈਠੇ ਤਾਂ:

- ਗੁਰਮਤਿ ਛੋਡਹਿ ਉਝੜਿ ਜਾਈ॥ ਮਨਮੁਖਿ ਰਾਮੁ ਨ ਜਪੈ ਅਵਾਈ॥
ਪਚਿ ਪਚਿ ਬੂਡਹਿ ਕੂੜੁ ਕਮਾਵਹਿ ਕੂੜਿ ਕਾਲੁ ਬੈਰਾਈ ਹੇ॥ (੧੦੨੫)

ਗੁਰਮਤਿ ਖੋਜਹਿ

- ਘਰ ਮਹਿ ਵਸਤੁ ਅਗਮ ਅਪਾਰਾ॥ ਗੁਰਮਤਿ ਖੋਜਹਿ ਸਬਦਿ ਬੀਚਾਰਾ॥
ਨਾਮੁ ਨਵ ਨਿਧਿ ਪਾਈ ਘਰ ਹੀ ਮਾਹਿ॥ ਸਦਾ ਰੰਗਿ ਰਾਤੇ ਸਚਿ ਸਮਾਹਿ॥ (੧੧੭੫)

- ਪੰਚ ਚੋਰ ਮਿਲਿ ਲਾਗੇ ਨਗਰੀਆ ਰਾਮ ਨਾਮ ਧਨੁ ਹਿਰਿਆ॥
ਗੁਰਮਤਿ ਖੋਜ ਪਰੇ ਤਬ ਪਕਰੇ ਧਨੁ ਸਾਬਤੁ ਰਾਸਿ ਉਬਰਿਆ॥ (੧੧੭੯)

ਗੁਰਮਤਿ ਦਾ ਭਾਵ ਸਪੱਸ਼ਟ ਹੋ ਰਿਹਾ ਹੈ ਕਿ ਮਨੁੱਖ ਵਿਕਾਰਾਂ ਤੋਂ ਰਹਿਤ ਆਚਰਣ ਵਾਲਾ ਹੋਣਾ ਚਾਹੀਦਾ ਹੈ।

- ਰਾਮ ਨਾਮੁ ਗੁਰ ਬਚਨੀ ਬੋਲਹੁ॥ ਸੰਤ ਸਭਾ ਮਹਿ ਇਹੁ ਰਸੁ ਟੋਲਹੁ॥
ਗੁਰਮਤਿ ਖੋਜਿ ਲਹਹੁ ਘਰੁ ਅਪਨਾ ਬਹੁੜਿ ਨ ਗਰਭ ਮਝਾਰਾ ਹੇ॥ (੧੦੩੦)

ਗੁਰਮਤਿ ਮਨੁ ਪਰਗਾਸੁ - ਗੁਰਮਤੀ ਘਟਿ ਚਾਨਣਾ

- ਮਨਮੁਖ ਮਨੁ ਤਨੁ ਅੰਧੁ ਹੈ ਤਿਸ ਨਉ ਠਉਰ ਨ ਠਾਉ॥ ਬਹੁ ਜੋਨੀ ਭਉਦਾ ਫਿਰੈ ਜਿਉ ਸੁੰਞੈਂ ਘਰਿ ਕਾਉ॥
ਗੁਰਮਤੀ ਘਟਿ ਚਾਨਣਾ ਸਬਦਿ ਮਿਲੈ ਹਰਿ ਨਾਉ॥ (੩੦)

- ਬਾਝੁ ਗੁਰੂ ਗੁਬਾਰੁ ਹੈ ਬਿਨੁ ਸਬਦੈ ਬੂਝ ਨ ਪਾਇ॥ ਗੁਰਮਤੀ ਪਰਗਾਸੁ ਹੋਇ ਸਚਿ ਰਹੈ ਲਿਵ ਲਾਇ॥
ਤਿਥੈ ਕਾਲੁ ਨ ਸੰਚਰੈ ਜੋਤੀ ਜੋਤਿ ਸਮਾਇ॥ (੫੫)

– ਹਉ ਵਾਰੀ ਜੀਉ ਵਾਰੀ ਸਤਿਗੁਰ ਕੈ ਬਲਿਹਾਰਣਿਆ॥
ਗੁਰਮਤੀ ਪਰਗਾਸੁ ਹੋਆ ਜੀ ਅਨਦਿਨੁ ਹਰਿ ਗੁਣ ਗਾਵਣਿਆ॥ (੧੧੦)

– ਨਾਨਕ ਆਪੇ ਆਪਿ ਆਪਿ ਖੁਆਈਐ॥ ਗੁਰਮਤਿ ਮਨਿ ਪਰਗਾਸੁ ਸਚਾ ਪਾਈਐ॥ (੩੬੯)

– ਮੇਰੇ ਗੋਬਿਦ ਅਪੁਨੇ ਜਨ ਕਉ ਦੇਹਿ ਵਡਿਆਈ॥
ਗੁਰਮਤਿ ਰਾਮ ਨਾਮੁ ਪਰਗਾਸਹੁ ਸਦਾ ਰਹਹੁ ਸਰਣਾਈ॥ਰਹਾਉ॥
ਇਹੁ ਸੰਸਾਰੁ ਸਭੁ ਆਵਣ ਜਾਣਾ ਮਨ ਮੂਰਖ ਚੇਤਿ ਅਜਾਣਾ॥
ਹਰਿ ਜੀਉ ਕ੍ਰਿਪਾ ਕਰਹੁ ਗੁਰੁ ਮੇਲਹੁ ਤਾ ਹਰਿ ਨਾਮਿ ਸਮਾਣਾ॥
ਜਿਸ ਕੀ ਵਥੁ ਸੋਈ ਪ੍ਰਭੁ ਜਾਣੈ ਜਿਸ ਨੋ ਦੇਇ ਸੁ ਪਾਏ॥
ਵਸਤੁ ਅਨੂਪ ਅਤਿ ਅਗਮ ਅਗੋਚਰ ਗੁਰੁ ਪੂਰਾ ਅਲਖੁ ਲਖਾਏ॥ (੬੦੭)

– ਕਥਨੀ ਬਦਨੀ ਜੇ ਕਰੇ ਮਨਮੁਖਿ ਬੂਝ ਨ ਹੋਇ॥ ਗੁਰਮਤੀ ਘਟਿ ਚਾਨਣਾ ਹਰਿ ਨਾਮੁ ਪਾਵੈ ਸੋਇ॥ (੪੯੨)

– ਸਾ ਧਨ ਬਾਲੀ ਧੁਰਿ ਮੇਲੀ ਮੇਰੈ ਪ੍ਰਭਿ ਆਪਿ ਮਿਲਾਈ ਰਾਮ॥
ਗੁਰਮਤੀ ਘਟਿ ਚਾਨਣੁ ਹੋਆ ਪ੍ਰਭੁ ਰਵਿ ਰਹਿਆ ਸਭ ਥਾਈ ਰਾਮ॥
ਪ੍ਰਭੁ ਰਵਿ ਰਹਿਆ ਸਭ ਥਾਈ ਮੰਨਿ ਵਸਾਈ ਪੂਰਬਿ ਲਿਖਿਆ ਪਾਇਆ॥
ਸੇਜ ਸੁਖਾਲੀ ਮੇਰੇ ਪ੍ਰਭ ਭਾਣੀ ਸਚੁ ਸੀਗਾਰੁ ਬਣਾਇਆ॥
ਕਾਮਣਿ ਨਿਰਮਲ ਹਉਮੈ ਮਲੁ ਖੋਈ ਗੁਰਮਤਿ ਸਚਿ ਸਮਾਈ॥
ਨਾਨਕ ਆਪਿ ਮਿਲਾਈ ਕਰਤੈ ਨਾਮੁ ਨਵੈ ਨਿਧਿ ਪਾਈ॥ (੭੭੦)

– ਸਭ ਮਹਿ ਵਸੈ ਪ੍ਰਭੁ ਏਕੋ ਸੋਇ॥ ਗੁਰਮਤੀ ਘਟਿ ਪਰਗਟੁ ਹੋਇ॥
ਸਹਜੇ ਜਿਨਿ ਪ੍ਰਭੁ ਜਾਣਿ ਪਛਾਣਿਆ॥ ਨਾਨਕ ਨਾਮੁ ਮਿਲੈ ਮਨੁ ਮਾਨਿਆ॥ (੬੬੩)

– ਰਾਤਿ ਦਿਨਸੁ ਉਪਾਇਅਨੁ ਸੰਸਾਰ ਕੀ ਵਰਤਣਿ॥ ਗੁਰਮਤੀ ਘਟਿ ਚਾਨਣਾ ਆਨੇਰੁ ਬਿਨਾਸਣਿ॥
ਹੁਕਮੇ ਹੀ ਸਭ ਸਾਜੀਅਨੁ ਰਵਿਆ ਸਭ ਵਣਿ ਤ੍ਰਿਣਿ॥
ਸਭੁ ਕਿਛੁ ਆਪੇ ਆਪਿ ਹੈ ਗੁਰਮੁਖਿ ਸਦਾ ਹਰਿ ਭਣਿ॥ (੯੪੮)

ਗੁਰਮਤੀ ਹਰਿ ਰਸੁ ਚਾਖਿਆ

– ਗੁਰਮਤਿ ਹਰਿ ਰਸੁ ਹਰਿ ਫਲੁ ਪਾਇਆ ਹਰਿ ਹਰਿ ਨਾਮੁ ਉਰ ਧਾਰਿ ਜੀਉ॥
ਜਿਨ੍ ਇਕ ਮਨਿ ਧਿਆਇਆ ਤਿਨ੍ ਸੁਖੁ ਪਾਇਆ ਤੇ ਵਿਰਲੇ ਸੰਸਾਰਿ ਜੀਉ॥ (੪੩੮)

– ਹਰਿ ਜੀਉ ਸਚਾ ਸਚੁ ਹੈ ਸਚੀ ਗੁਰਬਾਣੀ॥ ਸਤਿਗੁਰ ਤੇ ਸਚੁ ਪਛਾਣੀਐ ਸਚਿ ਸਹਜਿ ਸਮਾਣੀ॥
ਅਨਦਿਨੁ ਜਾਗਹਿ ਨਾ ਸਵਹਿ ਜਾਗਤ ਰੈਣਿ ਵਿਹਾਣੀ॥
ਗੁਰਮਤੀ ਹਰਿ ਰਸੁ ਚਾਖਿਆ ਸੇ ਪੁੰਨ ਪਰਾਣੀ॥ ਬਿਨੁ ਗੁਰ ਕਿਨੈ ਨ ਪਾਇਓ ਪਚਿ ਮੁਏ ਅਜਾਣੀ॥ (੫੧੫)

– ਮੇਰੇ ਮਨ ਭਜੁ ਰਾਮ ਨਾਮੈ ਰਾਮਾ॥ ਗੁਰਮਤਿ ਹਰਿ ਰਸੁ ਪਾਈਐ ਹੋਰਿ ਤਿਆਗਹੁ ਨਿਹਫਲ ਕਾਮਾ॥ (੭੬੯)
– ਹਰਿ ਹਰਿ ਨਾਮੁ ਅੰਮ੍ਰਿਤੁ ਹਰਿ ਮੀਠਾ ਹਰਿ ਸੰਤਹੁ ਚਾਖਿ ਦਿਖਹੁ॥
ਗੁਰਮਤਿ ਹਰਿ ਰਸੁ ਮੀਠਾ ਲਾਗਾ ਤਿਨ ਬਿਸਰੇ ਸਭਿ ਬਿਖ ਰਸਹੁ॥ (੮੦੦)

– ਮੇਰਾ ਹਰਿ ਪ੍ਰਭੁ ਰਾਵਣਿ ਆਈਆ ਹਉਮੈ ਬਿਖੁ ਝਾਗੇ ਰਾਮ॥
ਗੁਰਮਤਿ ਆਪੁ ਮਿਟਾਇਆ ਹਰਿ ਹਰਿ ਲਿਵ ਲਾਗੇ ਰਾਮ॥

ਅੰਤਰਿ ਕਮਲੁ ਪਰਗਾਸਿਆ ਗੁਰ ਗਿਆਨੀ ਜਾਗੇ ਰਾਮ॥
ਜਨ ਨਾਨਕ ਹਰਿ ਪ੍ਰਭੁ ਪਾਇਆ ਪੂਰੈ ਵਡਭਾਗੇ ਰਾਮ॥ (੮੪੫)

- ਗੁਰਮਤਿ ਨਾਮੁ ਦਮੋਦਰੁ ਪਾਇਆ ਹਰਿ ਹਰਿ ਨਾਮੁ ਉਰਿ ਧਾਰੇ॥
ਹਰਿ ਹਰਿ ਕਥਾ ਬਨੀ ਅਤਿ ਮੀਠੀ ਜਿਉ ਗੂੰਗਾ ਗਟਕ ਸਮ੍ਹਾਰੇ॥ (੯੮੦)

ਬੁਧਿ

ਬੁਧਿ ਦਾ ਭਾਵ ਹੈ ਅਕਲ, ਸਮਝ, ਵਿਵੇਕ ਸ਼ਕਤੀ।

- ਬੁਧਿ ਗਿਆਨੁ ਸਰਬ ਤਹਿ ਸਿਧਿ॥ (੨੯੫)

- ਮੰਨੈ ਸੁਰਤਿ ਹੋਵੈ ਮਨਿ ਬੁਧਿ॥ (੩)

- ਤਿਥੈ ਘੜੀਐ ਸੁਰਤਿ ਮਤਿ ਮਨਿ ਬੁਧਿ॥ (੮)

- ਪੜਿ ਪੜਿ ਪੰਡਿਤ ਜੋਤਕੀ ਵਾਦ ਕਰਹਿ ਬੀਚਾਰੁ॥ ਮਤਿ ਬੁਧਿ ਭਵੀ ਨ ਬੁਝਈ ਅੰਤਰਿ ਲੋਭ ਵਿਕਾਰੁ॥
ਲਖ ਚਉਰਾਸੀਹ ਭਰਮਦੇ ਭ੍ਰਮਿ ਭ੍ਰਮਿ ਹੋਇ ਖੁਆਰੁ॥
ਪੂਰਬਿ ਲਿਖਿਆ ਕਮਾਵਣਾ ਕੋਇ ਨ ਮੇਟਣਹਾਰੁ॥ (੨੭)

ਏਥੇ ਮਤਿ ਅਤੇ ਬੁਧਿ ਦਾ ਅਰਥ ਇਕੋ ਬੁੱਧੀ ਨਹੀਂ ਜਾਪਦਾ ਕਿਉਂਕਿ ਬੁੱਧੀ ਫਿਰ ਜਾਣ ਦਾ ਕਾਰਨ ਸਤਿਗੁਰਾਂ ਨੇ ਮਤਿ ਦੱਸਿਆ ਹੈ। ਜਿਵੇਂ ਕੋਈ ਬਹਿਸ ਕਰਨ ਸਮੇਂ ਦੋਵੇਂ ਧੜੇ ਆਪਣਾ-ਆਪਣਾ ਪੱਖ ਅਥਵਾ ਮਤਿ ਸਪੱਸ਼ਟ ਕਰ ਰਹੇ ਹੁੰਦੇ ਹਨ, ਏਵੇਂ ਹੀ ਪੰਡਿਤ ਲੋਕ ਗਿਆਨ ਚਰਚਾ ਕਰਨ ਲਈ ਅਥਵਾ ਬਹਿਸਾਂ ਕਰਨ ਲਈ ਆਪੋ ਆਪਣੀ ਮਤਿ ਅਥਵਾ ਆਪਣੀ ਰਾਏ, ਆਪਣਾ ਨਿੱਜੀ ਟੀਚਾ ਬਣਾ ਲੈਂਦੇ ਹਨ ਅਤੇ ਉਸ ਆਪਣੇ ਮਤੇ ਨੂੰ ਠੀਕ ਸਿੱਧ ਕਰਨ ਲਈ ਬਹਿਸਾਂ ਕਰਦੇ ਹਨ। ਅਜੇਹਾ ਕਰਨ ਵਿੱਚ ਉਨ੍ਹਾਂ ਵਿਦਵਾਨਾਂ ਦਾ ਸੁਆਰਥ ਅਥਵਾ ਲੋਭ ਕੰਮ ਕਰ ਰਿਹਾ ਹੁੰਦਾ ਹੈ, ਜਿਸ ਤੋਂ ਅਸਲੀਅਤ ਤੋਂ ਭਟਕ ਜਾਣ ਨਾਲ ਉਨ੍ਹਾਂ ਦੀ ਬੁਧਿ ਭਟਕ ਜਾਂਦੀ ਹੈ। ਮਤਿ ਨਾਲ ਹੰਕਾਰ, ਲੋਭ, ਸੁਆਰਥ ਆ ਜੁੜਦੇ ਹਨ ਜੋ ਬੁਧਿ ਅਥਵਾ ਅਕਲ ਨੂੰ ਟਿਕਾਣੇ ਤੋਂ ਹਿਲਾ ਦਿੰਦੇ ਹਨ।

- ਮਤਿ ਬੁਧਿ ਸੁਰਤਿ ਨਾਹੀ ਚਤੁਰਾਈ॥ ਤਾ ਮਿਲੀਐ ਜਾ ਲਏ ਮਿਲਾਈ॥ (੮੦੪)

ਇਸ ਗੁਰੂ ਫੁਰਮਾਨ ਵਿੱਚ ਮਤਿ ਬੁਧਿ ਦੇ ਨਾਲ ਚਤੁਰਾਈ ਵੀ ਆਈ ਹੈ। ਇਨ੍ਹਾਂ ਪ੍ਰਤੀ ਹੋਰ ਗੁਰੂ ਸ਼ਬਦਾਂ ਦੀ ਵਿਚਾਰ ਕਰਕੇ ਸਮਝਣ ਦਾ ਯਤਨ ਕਰੀਏ ਕਿ ਇਸ ਤਰ੍ਹਾਂ ਮਨੁੱਖਾ ਦੇਹ ਵਿਚਲੀ ਹਰ ਪ੍ਰਕਾਰ ਦੀ ਕਿਰਿਆ ਸ਼ਕਤੀ ਬਾਰੇ ਅੱਡ-ਅੱਡ ਗੁਰਬਾਣੀ ਰਚ ਕੇ ਸਤਿਗੁਰਾਂ ਨੇ ਸਾਨੂੰ ਕਿਸ ਨਿਸ਼ਾਨੇ ਤੇ ਪਹੁੰਚਾਣ ਲਈ ਇਹ ਸਾਰਾ ਯਤਨ ਕੀਤਾ ਹੋਇਆ ਹੈ:

- ਜੋ ਕਿਛੁ ਕਰੇ ਸੁ ਆਪੇ ਆਪੈ॥ ਬੁਧਿ ਸਿਆਣਪ ਕਿਛੁ ਨ ਜਾਪੈ॥
ਆਪਣਿਆ ਸੰਤਾ ਨੋ ਆਪਿ ਸਹਾਈ ਪ੍ਰਭਿ ਭਰਮ ਭੁਲਾਵਾ ਲਾਹਿਆ ਜੀਉ॥ (੧੦੭)

- ਖੇਮ ਸਾਂਤਿ ਰਿਧਿ ਨਵ ਨਿਧਿ॥ ਬੁਧਿ ਗਿਆਨੁ ਸਰਬ ਤਹ ਸਿਧਿ॥ (੨੯੫)

- ਬੁਧਿ ਗਰੀਬੀ ਖਰਚੁ ਲੈਹੁ ਹਉਮੈ ਬਿਖੁ ਜਾਰਹੁ॥ ਸਾਚਾ ਹਟੁ ਪੂਰਾ ਸਉਦਾ ਵਖਰੁ ਨਾਮੁ ਵਾਪਾਰਹੁ॥ (੩੯੯)

- ਬੁਧਿ ਪਾਠਿ ਨ ਪਾਈਐ ਬਹੁ ਚਤੁਰਾਈਐ ਭਾਇ ਮਿਲੈ ਮਨਿ ਭਾਣੇ॥
ਨਾਨਕ ਠਾਕੁਰ ਮੀਤ ਹਮਾਰੇ ਹਮ ਨਾਹੀ ਲੋਕਾਣੇ॥ (੪੩੬)

ਬੁਧਿ ਪ੍ਰਗਾਸ ਭਈ

– ਬੁਧਵਾਰਿ ਬੁਧਿ ਕਰੈ ਪ੍ਰਗਾਸ॥ ਹਿਰਦੈ ਕਮਲ ਮਹਿ ਹਰਿ ਕਾ ਬਾਸ॥
ਗੁਰ ਮਿਲਿ ਦੋਊ ਏਕ ਸਮ ਧਰੈ॥ ਉਰਧ ਪੰਕ ਲੈ ਸੂਧਾ ਕਰੈ॥ (੩੪੪)

– ਬੁਧਿ ਪ੍ਰਗਾਸ ਭਈ ਮਤਿ ਪੂਰੀ॥ ਤਾ ਤੇ ਬਿਨਸੀ ਦੁਰਮਤਿ ਦੂਰੀ॥
ਐਸੀ ਗੁਰਮਤਿ ਪਾਈਅਲੇ॥ ਬੂਡਤ ਘੋਰ ਅੰਧ ਕੂਪ ਮਹਿ ਨਿਕਸਿਓ ਮੇਰੇ ਭਾਈ ਰੇ॥ (੩੭੭)

– ਹਰਿ ਰਸੁ ਚਾਖਤ ਧ੍ਰਾਪਿਆ ਮਨਿ ਰਸੁ ਲੈ ਹਸਨਾ॥
ਬੁਧਿ ਪ੍ਰਗਾਸ ਪ੍ਰਗਟ ਭਈ ਉਲਟਿ ਕਮਲੁ ਬਿਗਸਨਾ॥ (੯੧੧)

– ਬੁਧਵਾਰਿ ਆਪੇ ਬੁਧਿ ਸਾਰੁ॥ ਗੁਰਮੁਖਿ ਕਰਣੀ ਸਬਦੁ ਵੀਚਾਰੁ॥
ਨਾਮਿ ਰਤੇ ਮਨੁ ਨਿਰਮਲੁ ਹੋਇ॥ ਹਰਿ ਗੁਣ ਗਾਵੈ ਹਉਮੈ ਮਲੁ ਖੋਇ॥
ਦਰਿ ਸਚੈ ਸਦ ਸੋਭਾ ਪਾਏ॥ ਨਾਮਿ ਰਤੇ ਗੁਰ ਸਬਦਿ ਸੁਹਾਏ॥ (੯੪੧)

ਸਤਿਗੁਰਾਂ ਨੇ ਭਟਕਣਾਂ ਵਿੱਚ ਪਏ ਜੋਗੀ ਨੂੰ ਉਪਦੇਸ਼ ਵੀ ਇਸ ਤਰ੍ਹਾਂ ਦਿੱਤਾ ਹੈ:

– ਬੁਧਿ ਬਿਭੂਤਿ ਚਢਾਵਉ ਅਪੁਨੀ ਸਿੰਗੀ ਸੁਰਤਿ ਮਿਲਾਈ॥
ਕਰਿ ਬੈਰਾਗੁ ਫਿਰਉ ਤਨਿ ਨਗਰੀ ਮਨ ਕੀ ਕਿੰਗੁਰੀ ਬਜਾਈ॥ (੯੭੦)

ਬੁਢਾਪੇ ਵਿੱਚ ਬੁੱਧ ਸਾਥ ਛੱਡ ਤੁਰਦੀ ਹੈ:

– ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਸਰਿ ਹੰਸ ਉਲਥੜੇ ਆਇ॥
ਜੋਬਨੁ ਘਟੈ ਜਰੂਆ ਜਿਣੈ ਵਣਜਾਰਿਆ ਮਿਤ੍ਰਾ ਆਵ ਘਟੈ ਦਿਨੁ ਜਾਇ॥
ਅੰਤਿ ਕਾਲਿ ਪਛੁਤਾਸੀ ਅੰਧੁਲੇ ਜਾ ਜਮਿ ਪਕੜਿ ਚਲਾਇਆ॥
ਸਭੁ ਕਿਛੁ ਅਪੁਨਾ ਕਰਿ ਕਰਿ ਰਾਖਿਆ ਖਿਨ ਮਹਿ ਭਇਆ ਪਰਾਇਆ॥
ਬੁਧਿ ਵਿਸਰਜੀ ਗਈ ਸਿਆਣਪ ਕਰਿ ਅਵਗਣ ਪਛੁਤਾਇ॥
ਕਹੁ ਨਾਨਕ ਪ੍ਰਾਣੀ ਤੀਜੈ ਪਹਰੈ ਪ੍ਰਭੁ ਚੇਤਹੁ ਲਿਵ ਲਾਇ॥ (੭੫)

ਕਬੁਧਿ ਮਿਟੈ

ਸਿੱਧਾਂ ਨਾਲ ਹੋਈ ਚਰਚਾ ਸਮੇਂ ਸਿੱਧਾਂ ਨੇ ਸਤਿਗੁਰਾਂ ਤੋਂ ਪੁੱਛਿਆ ਸੀ:

– ਕੁਬੁਧਿ ਚਵਾਵੈ ਸੋ ਕਿਤੁ ਠਾਇ॥ ਕਿਉ ਤਤੁ ਨ ਬੂਝੈ ਚੋਟਾ ਖਾਇ॥
ਜਮ ਦਰਿ ਬਾਧੇ ਕੋਇ ਨ ਰਾਖੈ॥ ਬਿਨੁ ਸਬਦੈ ਨਾਹੀ ਪਤਿ ਸਾਖੈ॥
ਕਿਉ ਕਰਿ ਬੂਝੈ ਪਾਵੈ ਪਾਰੁ॥ ਨਾਨਕ ਮਨਮੁਖਿ ਨ ਬੂਝੈ ਗਵਾਰੁ॥ (੯੪੪)

ਤਾਂ ਉੱਤਰ ਵਿੱਚ ਸਤਿਗੁਰਾਂ ਨੇ ਕਿਹਾ:

– ਕੁਬੁਧਿ ਮਿਟੈ ਗੁਰ ਸਬਦੁ ਬੀਚਾਰਿ॥ ਸਤਿਗੁਰੁ ਭੇਟੈ ਮੋਖ ਦੁਆਰ॥
ਤਤੁ ਨ ਚੀਨੈ ਮਨਮੁਖੁ ਜਲਿ ਜਾਇ॥ ਦੁਰਮਤਿ ਵਿਛੁੜਿ ਚੋਟਾ ਖਾਇ॥
ਮਾਨੈ ਹੁਕਮੁ ਸਭੇ ਗੁਣ ਗਿਆਨ॥ ਨਾਨਕ ਦਰਗਹ ਪਾਵੈ ਮਾਨੁ॥ (੯੪੪)

– ਜਿਨ ਅੰਤਰੇ ਰਾਮ ਨਾਮੁ ਵਸੈ ਤਿਨ ਚਿੰਤਾ ਸਭ ਗਵਾਇਆ ਰਾਮ॥
ਸਭਿ ਅਰਥਾ ਸਭਿ ਧਰਮ ਮਿਲੇ ਮਨਿ ਚਿੰਦਿਆ ਸੋ ਫਲੁ ਪਾਇਆ ਰਾਮ॥
ਮਨ ਚਿੰਦਿਆ ਫਲੁ ਪਾਇਆ ਰਾਮ ਨਾਮੁ ਧਿਆਇਆ ਰਾਮ ਨਾਮ ਗੁਣ ਗਾਏ॥
ਦੁਰਮਤਿ ਕਬੁਧਿ ਗਈ ਸੁਧਿ ਹੋਈ ਰਾਮ ਨਾਮਿ ਮਨੁ ਲਾਏ॥
ਸਫਲੁ ਜਨਮੁ ਸਰੀਰੁ ਸਭੁ ਹੋਆ ਜਿਤੁ ਰਾਮ ਨਾਮੁ ਪਰਗਾਸਿਆ॥
ਨਾਨਕ ਹਰਿ ਭਜੁ ਸਦਾ ਦਿਨੁ ਰਾਤੀ ਗੁਰਮੁਖਿ ਨਿਜ ਘਰਿ ਵਾਸਿਆ॥ (੪੪੩)

– ਜਬ ਬੁਧਿ ਹੋਤੀ ਤਬ ਬਲੁ ਕੈਸਾ ਅਬ ਬੁਧਿ ਬਲੁ ਨ ਖਟਾਈ॥
ਕਹਿ ਕਬੀਰ ਬੁਧਿ ਹਰਿ ਲਈ ਮੇਰੀ ਬੁਧਿ ਬਦਲੀ ਸਿਧਿ ਪਾਈ॥ (੩੩੯)

ਸੰਸਾ ਖੇਡ ਵਿੱਚ ਰੁੱਝੀ ਹੋਈ ਬੁੱਧ ਦਾ ਕੈਸਾ ਹਾਲ ਹੁੰਦਾ ਹੈ:

– ਬੁਧੀ ਬਾਜੀ ਉਪਜੈ ਚਾਉ॥ ਸਹਸ ਸਿਆਣਪ ਪਵੈ ਨ ਤਾਉ॥
ਨਾਨਕ ਮਨਮੁਖਿ ਬੋਲਣੁ ਵਾਉ॥ ਅੰਧਾ ਅਖਰੁ ਵਾਉ ਦੁਆਉ॥ (੧੫੧)

ਇਸੇ ਲਈ ਗੁਰਮੁਖਿ ਦੀ ਅਰਦਾਸ ਹੈ ਕਿ ਹੇ ਵਾਹਿਗੁਰੂ:

– ਸਾ ਬੁਧਿ ਦੀਜੈ ਜਿਤੁ ਵਿਸਰਹਿ ਨਾਹੀ॥ ਸਾ ਮਤਿ ਦੀਜੈ ਜਿਤੁ ਤੁਧੁ ਧਿਆਈ॥
ਸਾਸ ਸਾਸ ਤੇਰੇ ਗੁਣ ਗਾਵਾ ਓਟ ਨਾਨਕ ਗੁਰ ਚਰਣਾ ਜੀਉ॥ (੧੦੦)

– ਅਸਟਮੀ ਅਸਟ ਸਿਧਿ ਨਵ ਨਿਧਿ॥ ਸਗਲ ਪਦਾਰਥ ਪੂਰਨ ਬੁਧਿ॥
ਕਵਲ ਪ੍ਰਗਾਸ ਸਦਾ ਆਨੰਦ॥ ਨਿਰਮਲ ਰੀਤਿ ਨਿਰੋਧਰ ਮੰਤ॥
ਸਗਲ ਧਰਮ ਪਵਿਤ੍ਰ ਇਸਨਾਨੁ॥ ਸਭ ਮਹਿ ਊਚ ਬਿਸੇਖ ਗਿਆਨੁ॥
ਹਰਿ ਹਰਿ ਭਜਨੁ ਪੂਰੇ ਗੁਰ ਸੰਗਿ॥ ਜਪਿ ਤਰੀਐ ਨਾਨਕ ਨਾਮ ਹਰਿ ਰੰਗਿ॥ (੨੯੮)

ਅਕਲ

ਮਹਾਨਕੋਸ਼ ਅਨੁਸਾਰ ਅਕਲ ਸ਼ਬਦ ਦੇ ਕਈ ਅਰਥ ਦੱਸੇ ਹਨ ਜਿਵੇਂ, ਬੁੱਧਿ, ਸਿਮ੍ਰਿਤਿ, ਯਾਦਦਾਸ਼ਤ, ਕਲਾ ਰਹਿਤ, ਨਾ ਜਾਣਿਆ ਹੋਇਆ, ਆਦਿ, ਪਰ ਗੁਰਬਾਣੀ ਵਿਚਾਰ ਅਨੁਸਾਰ ਅਕਲ ਦੀ ਵਿਆਖਿਆ ਕੁਝ ਇੰਜ ਮਿਲਦੀ ਹੈ:

– ਧ੍ਰਿਗੁ ਤਿਨਾ ਕਾ ਜੀਵਿਆ ਜਿ ਲਿਖਿ ਲਿਖਿ ਵੇਚਹਿ ਨਾਉ॥ ਖੇਤੀ ਜਿਨ ਕੀ ਉਜੜੈ ਖਲਵਾੜੇ ਕਿਆ ਥਾਉ॥
ਸਚੈ ਸਰਮੈ ਬਾਹਰੇ ਅਗੈ ਲਹਹਿ ਨ ਦਾਦਿ॥ ਅਕਲਿ ਏਹ ਨ ਆਖੀਐ ਅਕਲਿ ਗਵਾਈਐ ਬਾਦਿ॥
ਅਕਲੀ ਸਾਹਿਬੁ ਸੇਵੀਐ ਅਕਲੀ ਪਾਈਐ ਮਾਨੁ॥ ਅਕਲੀ ਪੜਿ੍ ਕੈ ਬੁਝੀਐ ਅਕਲੀ ਕੀਚੈ ਦਾਨੁ॥
ਨਾਨਕੁ ਆਖੈ ਰਾਹੁ ਏਹੁ ਹੋਰਿ ਗਲਾਂ ਸੈਤਾਨੁ॥ (੧੨੪੫)

– ਨਿਵਾਜ ਸੋਈ ਜੋ ਨਿਆਉ ਬਿਚਾਰੈ ਕਲਮਾ ਅਕਲਹਿ ਜਾਨੈ॥
ਪਾਚਹੁ ਮੁਸਿ ਮੁਸਲਾ ਬਿਛਾਵੈ ਤਬ ਤਉ ਦੀਨੁ ਪਛਾਨੈ॥ (੪੮੦)

– ਰਾਤੀ ਹੋਵਨਿ ਕਾਲੀਆ ਸੁਪੇਦਾ ਸੇ ਵੰਨ॥ ਦਿਹੁ ਬਗਾ ਤਪੈ ਘਣਾ ਕਾਲਿਆ ਕਾਲੇ ਵੰਨ॥
ਅੰਧੇ ਅਕਲੀ ਬਾਹਰੇ ਮੂਰਖ ਅੰਧ ਗਿਆਨੁ॥ ਨਾਨਕ ਨਦਰੀ ਬਾਹਰੇ ਕਬਹਿ ਨ ਪਾਵਹਿ ਮਾਨੁ॥ (੭੮੯)

ਗੁਰਬਾਣੀ ਵਿੱਚ ਅਕਲ ਸ਼ਬਦ ਦੇ ਹੋਰ ਵੀ ਅਰਥ ਹਨ:

ਅਕਲ-ਕਲਾ ਰਹਿਤ, ਅਖੰਡ, ਇਕ ਰਸ

- ਸਦਾ ਅਕਲ ਲਿਵ ਰਹੈ ਕਰਨ ਸਿਉ ਇਛਾ ਚਾਰਹ॥
  ਦ੍ਰੁਮ ਸਪੂਰ ਜਿਉ ਨਿਵੈ ਖਵੈ ਕਸੁ ਬਿਮਲ ਬੀਚਾਰਹ॥ (੧੩੯੨)

- ਤਿਸੁ ਗੁਰ ਕੈ ਗ੍ਰਿਹਿ ਢੋਵਉ ਪਾਣੀ॥ ਜਿਸੁ ਗੁਰ ਤੇ ਅਕਲ ਗਤਿ ਜਾਣੀ॥ (੨੩੯)

- ਨਿਰੰਕਾਰ ਮਹਿ ਆਕਾਰੁ ਸਮਾਵੈ॥ ਅਕਲ ਕਲਾ ਸਚੁ ਸਾਚਿ ਟਿਕਾਵੈ॥
  ਸੋ ਨਰੁ ਗਰਭ ਜੋਨਿ ਨਹੀ ਆਵੈ॥ (੪੧੪)

- ਅਕਲ ਕਲਾ ਨਹ ਪਾਈਐ ਪ੍ਰਭੁ ਅਲਖ ਅਲੇਖੰ॥
  ਖਟੁ ਦਰਸਨ ਭ੍ਰਮਤੇ ਫਿਰਹਿ ਨਹ ਮਿਲੀਐ ਭੇਖੰ॥ (੧੦੯੮)

ਅਕਲ – ਸੱਤਾਧਾਰੀ ਪ੍ਰਭੂ

- ਸੁ ਸਬਦ ਕਉ ਨਿਰੰਤਰਿ ਵਾਸੁ ਅਲਖੰ ਜਹ ਦੇਖਾ ਤਹ ਸੋਈ॥
  ਪਵਨ ਕਾ ਵਾਸਾ ਸੁੰਨ ਨਿਵਾਸਾ ਅਕਲ ਕਲਾ ਧਰ ਸੋਈ॥ (੯੪੪)

ਅਕੁਲ

- ਦੇਵੀ ਦੇਵਾ ਪੂਜਹਿ ਡੋਲਹਿ ਪਾਰਬ੍ਰਹਮੁ ਨਹੀ ਜਾਨਾ॥
  ਕਹਤ ਕਬੀਰ ਅਕੁਲੁ ਨਹੀ ਚੇਤਿਆ ਬਿਖਿਆ ਸਿਉ ਲਪਟਾਨਾ॥ (੩੩੨)

- ਨਾ ਤਿਸੁ ਮਾਤ ਪਿਤਾ ਸੁਤ ਬੰਧਪ ਨਾ ਤਿਸੁ ਕਾਮੁ ਨ ਨਾਰੀ॥
  ਅਕੁਲ ਨਿਰੰਜਨ ਅਪਰ ਪਰੰਪਰੁ ਸਗਲੀ ਜੋਤਿ ਤੁਮਾਰੀ॥ (੫੯੭)

- ਦੁਤੀਆ ਦੁਹ ਕਰਿ ਜਾਨੈ ਅੰਗ॥ ਮਾਇਆ ਬ੍ਰਹਮ ਰਮੈ ਸਭ ਸੰਗ॥
  ਨਾ ਓਹੁ ਬਢੈ ਨ ਘਟਤਾ ਜਾਇ॥ ਅਕੁਲ ਨਿਰੰਜਨ ਏਕੈ ਭਾਇ॥ (੩੪੩)

- ਹਉਮੈ ਛੋਡਿ ਭਈ ਬੈਰਾਗਨਿ ਤਬ ਸਾਚੀ ਸੁਰਤਿ ਸਮਾਨੀ॥
  ਅਕੁਲ ਨਿਰੰਜਨ ਸਿਉ ਮਨੁ ਮਾਨਿਆ ਬਿਸਰੀ ਲਾਜ ਲੁਕਾਨੀ॥ (੧੧੯੭)

- ਅਕੁਲ ਨਿਰੰਜਨ ਸਿਉ ਮਨੁ ਮਾਨਿਆ ਮਨ ਹੀ ਤੇ ਮਨੁ ਮੂਆ॥
  ਅੰਤਰਿ ਬਾਹਰਿ ਏਕੋ ਜਾਨਿਆ ਨਾਨਕ ਅਵਰੁ ਨ ਦੂਆ॥ (੧੧੨੭)

ਬਿਬੇਕ ਬੁਧਿ ਸਤਿਗੁਰ ਤੇ ਪਾਈ

ਬਿਬੇਕ ਦਾ ਅਰਥ ਹੈ ਠੀਕ ਵਿਚਾਰ, ਨਿਰਣਾਊ ਵਿਚਾਰ, ਖੋਟੇ ਖਰੇ ਦੀ ਪਛਾਣ ਕਰਨ ਵਾਲੀ ਵਿਚਾਰ।

- ਕਬੀਰ ਰਾਮੈ ਰਾਮ ਕਹੁ ਕਹਿਬੇ ਮਾਹਿ ਬਿਬੇਕ॥
  ਏਕੁ ਅਨੇਕਹਿ ਮਿਲਿ ਗਇਆ ਏਕ ਸਮਾਨਾ ਏਕ॥ (੧੩੭੪)

ਹੇ ਕਬੀਰ! ਰਾਮ ਦਾ ਨਾਮ ਜਪ, ਪਰ ਜਪਣ ਵੇਲੇ ਇਸ ਪਰਖ ਨੂੰ ਨਾ ਭੁੱਲ ਕਿ ਇੱਕ ਰਾਮ ਤਾਂ ਅਨੇਕਾਂ ਜੀਵਾਂ ਵਿੱਚ ਵਿਆਪਕ ਹੈ, ਪਰ ਇੱਕ ਰਾਮ (ਕਥਿਤ ਦਸ਼ਰਥ ਦਾ ਕਥਿਤ ਪੁੱਤਰ) ਕੇਵਲ ਇੱਕ ਸਰੀਰ ਵਿੱਚ ਹੀ ਆਇਆ

ਕਿਹਾ ਜਾਂਦਾ ਹੈ। ਬੁੱਧ ਬਿਬੇਕ ਦਾ ਅਰਥ ਹੋਇਆ, ਅਜੇਹੀ ਬੁੱਧੀ ਜੋ ਖੋਟੇ ਖਰੇ ਦੀ ਪਛਾਣ ਕਰ ਸਕੇ। ਖੋਟ ਵਿੱਚੋਂ ਤੱਤ ਵਸਤੂ ਦੀ ਚੋਣ ਕਰ ਸਕੇ। ਮਾਇਆ ਮੋਹ ਦੇ ਅੰਧ ਗੁਬਾਰ ਵਿੱਚੋਂ ਜਗਤ ਦੇ ਤੱਤ ਮੂਲ ਪ੍ਰਮਾਤਮਾ, ਜੋ ਕਰਨ ਕਾਰਨ ਹੈ, ਦੀ ਪਛਾਣ ਕਰ ਸਕਣ ਵਾਲੀ ਬੁੱਧ:

- ਬਿਬੇਕ ਬੁਧਿ ਸਤਿਗੁਰ ਤੇ ਪਾਈ ਗੁਰ ਗਿਆਨੁ ਗੁਰੂ ਪ੍ਰਭ ਕੇਰਾ॥
  ਜਨ ਨਾਨਕ ਨਾਮੁ ਗੁਰੂ ਤੇ ਪਾਇਆ ਧੁਰਿ ਮਸਤਕਿ ਭਾਗੁ ਲਿਖੇਰਾ॥ (੭੧੧)

- ਕਰਹੁ ਬਿਬੇਕੁ ਸੰਤ ਜਨ ਭਾਈ ਖੋਜਿ ਹਿਰਦੈ ਦੇਖਿ ਢੰਢੋਲੀ॥
  ਹਰਿ ਹਰਿ ਰੂਪੁ ਸਭ ਜੋਤਿ ਸਬਾਈ ਹਰਿ ਨਿਕਟਿ ਵਸੈ ਹਰਿ ਕੋਲੀ॥ (੧੬੮)

- ਤੁਮ ਸੁਆਮੀ ਅਗਮ ਅਥਾਹ ਤੂ ਘਟਿ ਘਟਿ ਪੂਰਿ ਰਹਿਆ॥
  ਤੂ ਅਲਖ ਅਭੇਉ ਅਗੰਮੁ ਗੁਰ ਸਤਿਗੁਰ ਬਚਨਿ ਲਹਿਆ॥
  ਧਨੁ ਧੰਨੁ ਤੇ ਜਨ ਪੁਰਖ ਪੂਰੇ ਜਿਨ ਗੁਰ ਸੰਤਸੰਗਤਿ ਮਿਲਿ ਗੁਣ ਰਵੇ॥
  ਬਿਬੇਕ ਬੁਧਿ ਬੀਚਾਰਿ ਗੁਰਮੁਖਿ ਗੁਰ ਸਬਦਿ ਖਿਨੁ ਖਿਨੁ ਹਰਿ ਨਿਤ ਚਵੇ॥
  ਜਾ ਬਹਹਿ ਗੁਰਮੁਖਿ ਹਰਿ ਨਾਮੁ ਬੋਲਹਿ ਜਾ ਖੜੇ ਗੁਰਮੁਖਿ ਹਰਿ ਹਰਿ ਕਹਿਆ॥
  ਤੁਮ ਸੁਆਮੀ ਅਗਮ ਅਥਾਹ ਤੂ ਘਟਿ ਘਟਿ ਪੂਰਿ ਰਹਿਆ॥ (੧੧੧੪)

- ਬਿਬੇਕ ਬੁਧਿ ਸਭ ਜਗ ਮਹਿ ਨਿਰਮਲ ਬਿਚਰਿ ਬਿਚਰਿ ਰਸੁ ਪੀਜੈ॥
  ਗੁਰ ਪਰਸਾਦਿ ਪਦਾਰਥੁ ਪਾਇਆ ਸਤਿਗੁਰ ਕਉ ਇਹੁ ਮਨੁ ਦੀਜੈ॥ (੧੩੨੫)

- ਗੁਰੁ ਸੇਵਨਿ ਸਤਿਗੁਰੁ ਦਾਤਾ ਹਰਿ ਹਰਿ ਨਾਮਿ ਸਮਾਇਆ ਰਾਮ॥
  ਹਰਿ ਧੂੜਿ ਦੇਵਹੁ ਮੈ ਪੂਰੇ ਗੁਰ ਕੀ ਹਮ ਪਾਪੀ ਮੁਕਤੁ ਕਰਾਇਆ ਰਾਮ॥
  ਪਾਪੀ ਮੁਕਤੁ ਕਰਾਏ ਆਪੁ ਗਵਾਏ ਨਿਜ ਘਰਿ ਪਾਇਆ ਵਾਸਾ॥
  ਬਿਬੇਕ ਬੁਧੀ ਸੁਖਿ ਰੈਣਿ ਵਿਹਾਣੀ ਗੁਰਮਤਿ ਨਾਮਿ ਪ੍ਰਗਾਸਾ॥
  ਹਰਿ ਹਰਿ ਅਨਦੁ ਭਇਆ ਦਿਨੁ ਰਾਤੀ ਨਾਨਕ ਹਰਿ ਮੀਠ ਲਗਾਏ॥
  ਗੁਰੁ ਸੇਵਨਿ ਸਤਿਗੁਰੁ ਦਾਤਾ ਹਰਿ ਹਰਿ ਨਾਮਿ ਸਮਾਏ॥ (੭੭੨)

- ਬਿਬੇਕੁ ਗੁਰੂ ਗੁਰੂ ਸਮਦਰਸੀ ਤਿਸੁ ਮਿਲੀਐ ਸੰਕ ਉਤਾਰੇ॥
  ਸਤਿਗੁਰ ਮਿਲਿਐ ਪਰਮ ਪਦੁ ਪਾਇਆ ਹਉ ਸਤਿਗੁਰ ਕੈ ਬਲਿਹਾਰੇ॥ (੯੮੧)

ਸਿਆਣਪ

- ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ॥ (੧)

ਹਜ਼ਾਰਾਂ ਸਿਆਣਪਾਂ ਹੋਣ, ਪਰ ਨਾਲ ਇੱਕ ਵੀ ਨਹੀਂ ਜਾਂਦੀ। ਮਨੁੱਖਾ ਸਰੀਰ ਦੇ ਹੋਰ ਕਈ ਗਿਆਨ ਇੰਦ੍ਰੇ, ਕਰਮ ਇੰਦ੍ਰੇ, ਨਾਲ ਤਾਂ ਉਨ੍ਹਾਂ ਵਿੱਚੋਂ ਵੀ ਕੋਈ ਨਹੀਂ ਜਾਂਦਾ। ਨਾਲ ਕੇਵਲ ਕਰਮਾਂ ਦੁਆਰਾ ਬਣੇ ਸੰਸਕਾਰ ਹੀ ਜਾਂਦੇ ਹਨ। ਫਿਰ ਕੇਵਲ ਸਿਆਣਪ ਦੇ ਨਾਲ ਨਾ ਜਾਣ ਬਾਰੇ ਹੀ ਲਿਖਣ ਵਿੱਚ ਕੀ ਭੇਤ ਹੈ? ਜਪੁਜੀ ਸਾਹਿਬ ਦੀ ਪਹਿਲੀ ਪਉੜੀ ਇਸ ਪ੍ਰਕਾਰ ਹੈ:

- ਸੋਚੈ ਸੋਚਿ ਨ ਹੋਵਈ ਜੇ ਸੋਚੀ ਲਖ ਵਾਰ॥ ਚੁਪੈ ਚੁਪ ਨ ਹੋਵਈ ਜੇ ਲਾਇ ਰਹਾ ਲਿਵ ਤਾਰ॥
  ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ॥ ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ॥(੧)

ਲੱਖਾਂ ਵਾਰ ਸਰੀਰ ਧੋ ਕੇ ਸੁੱਚੇ ਬਣਦੇ ਰਹੋ, ਮਨ ਦੇ ਵਿਕਾਰਾਂ ਦੀ ਮੈਲ ਲਹਿ ਕੇ ਮਨ ਕਦੇ ਸੁੱਚਾ ਨਹੀਂ ਹੁੰਦਾ। ਮੋਨੀ ਰਹਿ ਕੇ ਸਮਾਧੀਆਂ ਲਾਉਣ ਨਾਲ ਵੀ ਕਦੇ ਮਨ ਸੁੱਚ ਧਾਰਨ ਨਹੀਂ ਕਰ ਸਕਦਾ ਭਾਵ ਚੁੱਪੀ ਸਾਧਣ ਨਾਲ ਮਨ ਦੀ ਭਟਕਣਾ ਨਹੀਂ ਹਟਦੀ। ਸਾਰੇ ਸੰਸਾਰ ਦੀ ਮਾਇਆ ਇਕੱਤ੍ਰ ਕਰ ਲੈਣ ਨਾਲ ਤ੍ਰਿਸ਼ਨਾ ਕਦੇ ਨਹੀਂ ਬੁਝਦੀ। ਜੀਵ ਦੀ ਕਲਿਆਣ ਲਈ ਅਜਿਹੇ ਯਤਨ ਪੁਰਾਤਨ ਕਾਲ ਤੋਂ ਧਰਮ ਆਗੂਆਂ ਨੇ ਅਰੰਭ ਕਰਾਏ ਹੋਏ ਸਨ। ਇਨ੍ਹਾਂ ਕਰਮਕਾਂਡੀ ਯਤਨਾਂ ਨੂੰ ਨਿਸਫ਼ਲ ਦੱਸ ਕੇ ਅਗਲੀ ਪੰਗਤੀ ਵਿੱਚ ਸਤਿਗੁਰਾਂ ਨੇ ਕੇਵਲ ਸਿਆਣਪ ਦੀ ਹੀ ਗੱਲ ਨਹੀਂ ਕੀਤੀ। ਜ਼ਰੂਰ ਅਜਿਹੇ ਧਰਮ ਕਰਮਾਂ ਵੱਲ ਹੀ ਇਸ਼ਾਰਾ ਕੀਤਾ ਹੈ ਜੋ ਸਿਆਣਪ ਅਥਵਾ ਚਤੁਰਾਈ ਦੁਆਰਾ ਅਰੰਭ ਕੀਤੇ ਜਾਂ ਕਰਵਾਏ ਗਏ ਹਨ। ਸਤਿਗੁਰਾਂ ਨੇ ਸਪੱਸ਼ਟ ਕੀਤਾ ਹੈ ਕਿ ਸਿਆਣਪ ਦੁਆਰਾ ਕੀਤੇ ਹਠ ਕਰਮ ਫੋਕਟ ਸਿੱਧ ਹੁੰਦੇ ਹਨ। ਸੋ ਧਰਮ ਕਰਮ ਕਰਕੇ ਪ੍ਰਭੂ ਪਾ ਲੈਣ ਦੇ ਯਤਨਾਂ ਵਾਲੀਆਂ ਅਜਿਹੀਆਂ ਹਜ਼ਾਰਾਂ ਸਿਆਣਪਾਂ ਵਿੱਚੋਂ ਇੱਕ ਵੀ ਜੀਵ ਦੇ ਨਾਲ ਨਹੀਂ ਨਿਭਦੀ। ਗੁਰੂ ਫੁਰਮਾਨ ਇਸ ਤਰ੍ਹਾਂ ਹੈ:

– ਮਨਹਠਿ ਕਿਨੈ ਨ ਪਾਇਆ ਕਰਿ ਉਪਾਵ ਥਕੇ ਸਭੁ ਕੋਇ॥
ਸਹਸ ਸਿਆਣਪ ਕਰਿ ਰਹੇ ਮਨਿ ਕੋਰੈ ਰੰਗੁ ਨ ਹੋਇ॥
ਕੂੜਿ ਕਪਟਿ ਕਿਨੈ ਨ ਪਾਇਓ ਜੋ ਬੀਜੈ ਖਾਵੈ ਸੋਇ॥ (੩੯)

ਧਰਮ ਕਰਮਾਂ ਦੁਆਰਾ ਠੱਗੀਆਂ ਮਾਰਨ ਦੇ ਯਤਨਾਂ ਵਾਲੀਆਂ ਸਿਆਣਪਾਂ ਦਾ ਜ਼ਿਕਰ ਗੁਰਬਾਣੀ ਵਿੱਚ ਕਈ ਵਾਰ ਆਇਆ ਹੈ:

– ਸਹਸ ਸਿਆਨਪ ਲਇਆ ਨ ਜਾਈਐ॥ ਨਾਨਕ ਐਸਾ ਗੁਰੁ ਬਡਭਾਗੀ ਪਾਈਐ॥ (੨੮੭)

– ਸਹਸ ਸਿਆਣਪ ਕਰਿ ਰਹੇ ਮਨਿ ਕੋਰੈ ਰੰਗੁ ਨ ਹੋਇ॥ (੪੦)

– ਲਖ ਸਿਆਣਪ ਜੇ ਕਰੀ ਲਖ ਸਿਉ ਪ੍ਰੀਤਿ ਮਿਲਾਪੁ॥
ਬਿਨੁ ਸੰਗਤਿ ਸਾਧ ਨ ਧ੍ਰਾਪੀਆ ਬਿਨੁ ਨਾਵੈ ਦੂਖ ਸੰਤਾਪੁ॥
ਹਰਿ ਜਪਿ ਜੀਅਰੇ ਛੁਟੀਐ ਗੁਰਮੁਖਿ ਚੀਨੈ ਆਪੁ॥ (੨੦)

– ਬਹੁਤੁ ਸਿਆਣਪ ਜਮ ਕਾ ਭਉ ਬਿਆਪੈ॥ ਅਨਿਕ ਜਤਨ ਕਰਿ ਤ੍ਰਿਸਨ ਨਾ ਧ੍ਰਾਪੈ॥
ਭੇਖ ਅਨੇਕ ਅਗਨਿ ਨਹੀ ਬੁਝੈ॥ ਕੋਟਿ ਉਪਾਵ ਦਰਗਹ ਨਹੀ ਸਿਝੈ॥ (੨੬੫)

ਤਜਹੁ ਸਿਆਨਪ ਸੁਰਿ ਜਨਹੁ

– ਤਜਹੁ ਸਿਆਨਪ ਸੁਰਿ ਜਨਹੁ ਸਿਮਰਹੁ ਹਰਿ ਹਰਿ ਰਾਇ॥
ਏਕ ਆਸ ਹਰਿ ਮਨਿ ਰਖਹੁ ਨਾਨਕ ਦੂਖੁ ਭਰਮੁ ਭਉ ਜਾਇ॥ (੨੮੧)

ਸਤਿਗੁਰਾਂ ਨੇ ਸਿਆਣਪ ਅਥਵਾ ਅਕਲ ਨੂੰ ਬੁਰਾ ਨਹੀਂ ਕਿਹਾ। ਸ਼ੁਭ ਕਰਮ, ਨੇਕ ਕਰਮ, ਸ਼ਲਾਘਾਯੋਗ ਕਰਮ, ਸਿਆਣਪ ਤੋਂ ਬਿਨਾਂ ਨਹੀਂ ਕੀਤੇ ਜਾ ਸਕਦੇ। ਕਿਸੇ ਕਸੂਤੀ ਮੁਸੀਬਤ ਵਿੱਚ ਫਸੇ ਦੁਖਿਆਰੇ ਦੀ ਸਹਾਇਤਾ ਵਾਸਤੇ ਕਿਸੇ ਸਿਆਣੇ ਮਨੁੱਖ ਦੀ ਭਾਲ ਕੀਤੀ ਜਾਂਦੀ ਹੈ। ਸੋ ਗੁਰਮਤਿ ਨੇ ਉਸੇ ਸਿਆਣਪ ਨੂੰ ਨਿਸਫ਼ਲ ਕਿਹਾ ਹੈ ਜਿਹੜੀ ਫੋਕਟ ਧਰਮ ਕਰਮਾਂ ਦੁਆਰਾ ਪ੍ਰਭੂ ਨੂੰ ਪ੍ਰਸੰਨ ਕਰਨ ਲਈ ਭਾਵ ਲੋਕਾਂ ਵਿੱਚ ਧਰਮੀ ਪ੍ਰਸਿੱਧ ਹੋਣ ਲਈ ਵਰਤੀ ਜਾਂਦੀ ਹੈ। ਸੁਆਰਥ ਸਿਧੀ ਲਈ ਠੱਗੀਆਂ ਮਾਰਨ ਦੇ ਢੰਗ ਬਣਾਉਣ ਵਾਲੀ ਸਿਆਣਪ ਸਤਿਗੁਰਾਂ ਨੂੰ ਨਹੀਂ ਭਾਉਂਦੀ। ਸਤਿਗੁਰਾਂ ਦਾ ਫੁਰਮਾਨ ਹੈ ਕਿ ਪ੍ਰਭੂ ਨੂੰ ਖੁਸ਼ ਕਰਨ ਲਈ ਕਥਿਤ ਵਿਧੀਆਂ ਅਨੁਸਾਰ ਧਰਮ ਕਰਮ ਕਰਨ ਦੀ ਸਿਆਣਪ ਛੱਡ ਕੇ ਹਿਰਦੇ ਤੋਂ ਪ੍ਰਭੂ ਦਾ ਸਿਮਰਨ ਕਰਨਾ ਗੁਰਮਤਿ ਹੈ। ਸਤਿਗੁਰਾਂ ਦਾ ਫੁਰਮਾਨ ਹੈ ਕਿ ਸੱਚੇ ਨਾਮ ਤੋਂ ਬਿਨਾਂ ਬਾਕੀ ਸਿਆਣਪਾਂ ਦੇ ਸਾਰੇ ਅਡੰਬਰ ਨਿਸਫ਼ਲ ਹਨ:

– ਤਿਆਗਿ ਸਗਲ ਸਿਆਨਪਾ ਭਜੁ ਪਾਰਬ੍ਰਹਮ ਨਿਰੰਕਾਰੁ॥

ਏਕ ਸਾਚੇ ਨਾਮ ਬਾਝਹੁ ਸਗਲ ਦੀਸੈ ਛਾਰੁ॥ (੪੦੫)

- ਮਨ ਮੇਰੇ ਕਰਤੇ ਨੋ ਸਾਲਾਹਿ॥ ਸਭੇ ਛਡਿ ਸਿਆਣਪਾ ਗੁਰ ਕੀ ਪੈਰੀ ਪਾਹਿ॥ (੪੩)

- ਗੁਰਮਤਿ ਸਾਚੀ ਹੁਜਤਿ ਦੂਰਿ॥ ਬਹੁਤੁ ਸਿਆਣਪ ਲਾਗੈ ਧੂਰਿ॥
ਲਾਗੀ ਮੈਲੁ ਮਿਟੈ ਸਚ ਨਾਇ॥ ਗੁਰ ਪਰਸਾਦਿ ਰਹੈ ਲਿਵ ਲਾਇ॥ (੩੫੨)

- ਛਾਡਿ ਸਗਲ ਸਿਆਣਪਾ ਸਾਧ ਸਰਣੀ ਆਉ॥ ਪਾਰਬ੍ਰਹਮ ਪਰਮੇਸਰੋ ਪ੍ਰਭੂ ਕੇ ਗੁਣ ਗਾਉ॥ (੫੦੧)

- ਸਿਆਨਪ ਕਾਹੂ ਕਾਮਿ ਨ ਆਤ॥ ਜੋ ਅਨਰੂਪਿਓ ਠਾਕੁਰਿ ਮੇਰੈ ਹੋਇ ਰਹੀ ਉਹ ਬਾਤ॥ (੪੯੬)

- ਅਮਰੁ ਵੇਪਰਵਾਹੁ ਹੈ ਤਿਸੁ ਨਾਲਿ ਸਿਆਣਪ ਨ ਚਲਈ ਨ ਹੁਜਤਿ ਕਰਣੀ ਜਾਇ॥
ਆਪੁ ਛੋਡਿ ਸਰਣਾਇ ਪਵੈ ਮੰਨਿ ਲਏ ਰਜਾਇ॥
ਗੁਰਮੁਖਿ ਜਮ ਡੰਡੁ ਨ ਲਗਈ ਹਉਮੈ ਵਿਚਹੁ ਜਾਇ॥
ਨਾਨਕ ਸੇਵਕੁ ਸੋਈ ਆਖੀਐ ਜਿ ਸਚਿ ਰਹੈ ਲਿਵ ਲਾਇ॥ (੧੨੫੧)

ਚਤੁਰਾਈ

ਜਿਵੇਂ ਗੁਰਮਤਿ ਵਿੱਚ ਵਿਖਾਵੇ ਵਾਲੇ ਧਰਮ ਕਰਮ ਕਰਕੇ ਪ੍ਰਭੂ ਨੂੰ ਪ੍ਰਸੰਨ ਕਰਨ ਵਿੱਚ ਵਰਤੀ ਸਿਆਣਪ ਨੂੰ ਕੋਈ ਥਾਂ ਨਹੀਂ, ਉਨ੍ਹਾਂ ਹੀ ਅਰਥਾਂ ਵਾਲੀ ਚਤੁਰਾਈ ਵੀ ਸਤਿਗੁਰਾਂ ਨੇ ਪਸੰਦ ਨਹੀਂ ਕੀਤੀ:

- ਬੁਧਿ ਪਾਠਿ ਨ ਪਾਈਐ ਬਹੁ ਚਤੁਰਾਈਐ ਭਾਇ ਮਿਲੈ ਮਨਿ ਭਾਣੇ॥
ਨਾਨਕ ਠਾਕੁਰ ਮੀਤ ਹਮਾਰੇ ਹਮ ਨਾਹੀ ਲੋਕਾਣੇ॥ (੪੩੬)

- ਰੇ ਜਨ ਮਨੁ ਮਾਧਉ ਸਿਉ ਲਾਈਐ॥ ਚਤੁਰਾਈ ਨ ਚਤੁਰਭੁਜੁ ਪਾਈਐ॥ (੩੨੪)

- ਜਿਸੁ ਜਲ ਨਿਧਿ ਕਾਰਣਿ ਤੁਮ ਜਗਿ ਆਏ ਸੋ ਅੰਮ੍ਰਿਤੁ ਗੁਰ ਪਾਹੀ ਜੀਉ॥
ਛੋਡਹੁ ਵੇਸੁ ਭੇਖ ਚਤੁਰਾਈ ਦੁਬਿਧਾ ਇਹੁ ਫਲੁ ਨਾਹੀ ਜੀਉ॥ (੫੯੮)

- ਤੇਰੇ ਲਾਲੇ ਕਿਆ ਚਤੁਰਾਈ॥ ਸਾਹਿਬ ਕਾ ਹੁਕਮੁ ਨ ਕਰਣਾ ਜਾਈ॥ (੯੯੧)

- ਝੂਠੀ ਦੁਰਮਤਿ ਕੀ ਚਤੁਰਾਈ॥ ਬਿਨਸਤ ਬਾਰ ਨ ਲਾਗੈ ਕਾਈ॥ (੧੩੪੫)

- ਏ ਮਨ ਚੰਚਲਾ ਚਤੁਰਾਈ ਕਿਨੈ ਨ ਪਾਇਆ॥ ਚਤੁਰਾਈ ਨ ਪਾਇਆ ਕਿਨੈ ਤੂ ਸੁਣਿ ਮੰਨ ਮੇਰਿਆ॥
ਏਹ ਮਾਇਆ ਮੋਹਣੀ ਜਿਨਿ ਏਤੁ ਭਰਮਿ ਭੁਲਾਇਆ॥
ਮਾਇਆ ਤ ਮੋਹਣੀ ਤਿਨੈ ਕੀਤੀ ਜਿਨਿ ਠਗਉਲੀ ਪਾਈਆ॥
ਕੁਰਬਾਣੁ ਕੀਤਾ ਤਿਸੈ ਵਿਟਹੁ ਜਿਨਿ ਮੋਹੁ ਮੀਠਾ ਲਾਇਆ॥
ਕਹੈ ਨਾਨਕੁ ਮਨ ਚੰਚਲ ਚਤੁਰਾਈ ਕਿਨੈ ਨ ਪਾਇਆ॥ (੯੧੮)

ਹਮ ਬਾਰਿਕ ਹਰਿ ਪ੍ਰਭ ਕੇ ਹੈ ਇਆਣੇ

- ਮੇਰੇ ਰਾਮ ਹਮ ਬਾਰਿਕ ਹਰਿ ਪ੍ਰਭ ਕੇ ਹੈ ਇਆਣੇ॥
ਧੰਨੁ ਧੰਨੁ ਗੁਰੂ ਗੁਰੁ ਸਤਿਗੁਰੁ ਪਾਧਾ ਜਿਨਿ ਹਰਿ ਉਪਦੇਸੁ ਦੇ ਕੀਏ ਸਿਆਣੇ॥ (੧੬੮)

- ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ॥ ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ॥

ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ॥ ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੈ ਅਰਦਾਸਿ॥
ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ॥ਮਹਲਾ ੨॥
ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ॥
ਪਾਣੀ ਅੰਦਰਿ ਲੀਕ ਜਿਉ ਤਿਸ ਦਾ ਥਾਉ ਨ ਥੇਹੁ॥ਮਹਲਾ ੨॥
ਹੋਇ ਇਆਣਾ ਕਰੇ ਕੰਮੁ ਆਣਿ ਨ ਸਕੈ ਰਾਸਿ॥ ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ॥ (੪੭੪)

ਇਸ ਲਈ ਹੇ ਕੱਚੀ ਮਤਿ ਵਾਲੇ ਮਨੁੱਖ ਧਿਆਨ ਨਾਲ ਸੁਣ:

- ਗੁਰ ਕੀ ਮਤਿ ਤੂੰ ਲੇਹਿ ਇਆਨੇ॥ ਭਗਤਿ ਬਿਨਾ ਬਹੁ ਡੂਬੇ ਸਿਆਨੇ॥ (੨੮੮)

- ਹਮਰੀ ਜਿਹਵਾ ਏਕ ਪ੍ਰਭ ਹਰਿ ਕੇ ਗੁਣ ਅਗਮ ਅਥਾਹ॥
ਹਮ ਕਿਉ ਕਰਿ ਜਪਹ ਇਆਣਿਆ ਹਰਿ ਤੁਮ ਵਡ ਅਗਮ ਅਗਾਹ॥ (੧੩੧੮)

- ਅਪਣਾ ਖਸਮੁ ਜਨਿ ਆਪਿ ਧਿਆਇਆ॥ ਇਆਣਾ ਪਾਪੀ ਓਹੁ ਆਪਿ ਪਚਾਇਆ॥ (੧੧੩੭)

- ਬਲੂਆ ਕੇ ਘਰੂਆ ਮਹਿ ਬਸਤੇ ਫੂਲਵਤ ਦੇਹ ਅਇਆਨੇ॥
ਕਹੁ ਕਬੀਰ ਜਿਹ ਰਾਮੁ ਨ ਚੇਤਿਓ ਬੂਡੇ ਬਹੁਤੁ ਸਿਆਨੇ॥ (੧੧੨੪)

- ਤੁਮ੍ਰੀ ਟੇਕ ਪੂਰੇ ਮੇਰੇ ਸਤਿਗੁਰ ਮਨ ਸਰਨਿ ਤੁਮ੍ਹਾਰੈ ਪਰੀ॥
ਅਚੇਤ ਇਆਨੇ ਬਾਰਿਕ ਨਾਨਕ ਹਮ ਤੁਮ ਰਾਖਹੁ ਧਾਰਿ ਕਰੀ॥ (੪੯੯)

- ਰੂਪਵੰਤੁ ਸੋ ਚਤੁਰੁ ਸਿਆਣਾ॥ ਜਿਨਿ ਜਨਿ ਮਾਨਿਆ ਪ੍ਰਭ ਕਾ ਭਾਣਾ॥ (੧੯੮)

- ਉਕਤਿ ਸਿਆਨਪ ਕਿਛੂ ਨ ਜਾਨਾ॥ ਦਿਨੁ ਰੈਨਿ ਤੇਰਾ ਨਾਮੁ ਵਖਾਨਾ॥ (੩੮੭)

- ਉਦਮੁ ਸਕਤਿ ਸਿਆਣਪ ਤੁਮ੍ਰੀ ਦੇਹਿ ਤ ਨਾਮੁ ਵਖਾਣੀ॥
ਸੇਈ ਭਗਤ ਭਗਤਿ ਸੇ ਲਾਗੇ ਨਾਨਕ ਜੋ ਪ੍ਰਭ ਭਾਣੀ॥ (੧੨੧੯)

- ਸੋਈ ਚਤੁਰੁ ਸਿਆਣਾ ਪੰਡਿਤੁ ਸੋ ਸੂਰਾ ਸੋ ਦਾਨਾਂ॥
ਸਾਧਸੰਗਿ ਜਿਨਿ ਹਰਿ ਹਰਿ ਜਪਿਓ ਨਾਨਕ ਸੋ ਪਰਵਾਨਾ॥ (੧੨੨੧)

- ਇਆਨੜੀਏ ਮਾਨੜਾ ਕਾਇ ਕਰੇਹਿ॥ ਆਪਨੜੈ ਘਰਿ ਹਰਿ ਰੰਗੋ ਕੀ ਨ ਮਾਣੇਹਿ॥
ਸਹੁ ਨੇੜੈ ਧਨ ਕੰਮਲੀਏ ਬਾਹਰੁ ਕਿਆ ਢੂਢੇਹਿ॥
ਭੈ ਕੀਆ ਦੇਹਿ ਸਲਾਈਆ ਨੈਣੀ ਭਾਵ ਕਾ ਕਰਿ ਸੀਗਾਰੋ॥
ਤਾ ਸੋਹਾਗਣਿ ਜਾਣੀਐ ਲਾਗੀ ਜਾ ਸਹੁ ਧਰੇ ਪਿਆਰੋ॥
ਇਆਣੀ ਬਾਲੀ ਕਿਆ ਕਰੇ ਜਾ ਧਨ ਕੰਤ ਨ ਭਾਵੈ॥
ਕਰਣ ਪਲਾਹ ਕਰੇ ਬਹੁਤੇਰੇ ਸਾ ਧਨ ਮਹਲੁ ਨ ਪਾਵੈ॥
ਵਿਣੁ ਕਰਮਾ ਕਿਛੁ ਪਾਈਐ ਨਾਹੀ ਜੇ ਬਹੁਤੇਰਾ ਧਾਵੈ॥
ਲਬ ਲੋਭ ਅਹੰਕਾਰ ਕੀ ਮਾਤੀ ਮਾਇਆ ਮਾਹਿ ਸਮਾਣੀ॥
ਇਨੀ ਬਾਤੀ ਸਹੁ ਪਾਈਐ ਨਾਹੀ ਭਈ ਕਾਮਣਿ ਇਆਣੀ॥ (੭੨੨)